## ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

**ਪੇਂਡੂ ਲੋਕਾਂ ਨੂੰ ਸਿਹਤ ਸੇਵਾਵਾਂ ਮੁਹੱਈਆ ਕਰਵਾਉਣ 'ਚ ਵਰਦਾਨ ਸਾਬਿਤ ਹੋ ਰਹੀ ਹੈ ਐਮ.ਐਮ.ਯੂ. ਵੈਨ-ਡੀ.ਸੀ.**

**ਸਿਹਤ ਸਕੀਮਾਂ ਬਾਰੇ ਜਾਣੂੰ ਕਰਵਾਉਂਦੀ ਹੈ ਮੋਬਾਈਲ ਮੈਡੀਕਲ ਯੂਨਿਟ ਵੈਨ**

**ਜਨਵਰੀ ਤੋਂ ਜੁਲਾਈ 2017 ਤੱਕ 3022 ਲੋੜਵੰਦਾਂ ਨੇ ਲਿਆ ਲਾਹਾ**

**151 ਪਿੰਡਾਂ 'ਚ ਦਿੱਤੀਆਂ ਜਾ ਚੁੱਕੀਆਂ ਨੇ ਸਿਹਤ ਸੇਵਾਵਾਂ**

**ਐਮ.ਐਮ.ਯੂ. ਵੈਨ ਰਾਹੀਂ ਕਰਵਾਏ ਜਾਂਦੇ ਨੇ ਮੁਫਤ ਟੈਸਟ**

**ਵੱਖ-ਵੱਖ ਪਿੰਡਾਂ 'ਚ ਕੀਤੀ ਜਾ ਰਹੀ ਹੈ ਪਹੁੰਚ**

ਫਾਜ਼ਿਲਕਾ 11 ਸਤੰਬਰ

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਦੱਸਿਆ ਕਿ ਸੂਬਾ ਸਰਕਾਰ ਸਿਹਤ ਪੱਖੋਂ ਲੋਕਾਂ ਨੂੰ ਹਸਪਤਾਲਾਂ ਵਿੱਚ ਸਿਹਤ ਸਕੀਮਾਂ ਦਾ ਲਾਭ ਦੇਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਸਿਹਤ ਵਿਭਾਗ ਵੱਲੋਂ ਸ਼ਹਿਰੀ ਖੇਤਰ ਦੇ ਨਾਲ-ਨਾਲ ਪਿੰਡਾਂ ਦੇ ਵਸਨੀਕਾਂ ਨੂੰ ਘਰਾਂ ਦੇ ਨੇੜੇ ਪਹੁੰਚ ਕੇ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਵੀ ਸਿਹਤ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ। ਦੂਰ-ਦਰਾੜ ਦੇ ਲੋੜਵੰਦ ਵਿਅਕਤੀ ਜੋ ਹਸਪਤਾਲ 'ਚ ਨਹੀਂ ਪਹੁੰਚ ਕਰ ਸਕਦੇ ਉਨ੍ਹਾਂ ਲਈ ਮੋਬਾਈਲ ਮੈਡੀਕਲ ਯੂਨਿਟ ਵੈਨ ਬਹੁਤ ਹੀ ਸਹਾਈ ਸਿੱਧ ਹੋ ਰਹੀ ਹੈ। ਉਨ੍ਹਾਂ ਦੱਸਿਆ ਕਿ ਜਨਵਰੀ 2017 ਤੋਂ ਲੈ ਕੇ ਜੁਲਾਈ 2017 ਤੱਕ ਜ਼ਿਲ੍ਹੇ ਦੇ ਪੇਂਡੂ ਖੇਤਰ ਨਾਲ ਸਬੰਧਤ 3022 ਲੋੜਵੰਦਾਂ ਨੂੰ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਸਿਹਤ ਸੇਵਾਵਾਂ ਪ੍ਰਦਾਨ ਕੀਤੀਆਂ ਜਾ ਚੁੱਕੀਆਂ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਐਮ.ਐਮ.ਯੂ. ਵੈਨ ਰਾਹੀਂ ਪਿੰਡਾਂ ਵਾਸੀਆਂ ਦੇ ਜਿੱਥੇ ਵੱਖ-ਵੱਖ ਤਰ੍ਹਾਂ ਦੇ ਰੋਗਾਂ ਦੇ ਟੈਸਟ ਕੀਤੇ ਜਾਂਦੇ ਹਨ ਉਥੇ ਉਨ੍ਹਾਂ ਨੂੰ ਮੁਫਤ ਦਵਾਈਆਂ ਵੀ ਪ੍ਰਦਾਨ ਕੀਤੀਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਐਮ.ਐਮ.ਯੂ. ਵੈਨ ਖਾਸ ਕਰਕੇ ਜ਼ਿਲ੍ਹੇ ਦੇ ਸਰਹੱਦੀ ਖੇਤਰ ਦੇ ਵਸਨੀਕਾਂ ਲਈ ਵਰਦਾਨ ਸਾਬਿਤ ਹੋ ਰਹੀ ਹੈ।

ਸਿਵਲ ਸਰਜਨ ਡਾ. ਸੁਰਿੰਦਰ ਕੁਮਾਰ ਨੇ ਦੱਸਿਆ ਕਿ ਜ਼ਿਲ੍ਹੇ ਦੇ 4 ਬਲਾਕ ਡੱਬਵਾਲਾ ਕਲਾਂ, ਜੰਡਵਾਲਾ ਭੀਮੇਸ਼ਾਹ, ਸੀਤੋ ਗੁੰਨੋ ਤੇ ਖੂਈ ਖੇੜਾ ਦੇ ਅਧੀਨ ਪੈਂਦੇ ਵੱਖ-ਵੱਖ ਪਿੰਡਾਂ ਵਿੱਚ ਇਹ ਮੋਬਾਈਲ ਮੈਡੀਕਲ ਯੂਨਿਟ ਵੈਨ ਵੱਲੋਂ ਪਹੁੰਚ ਕੀਤੀ ਜਾਂਦੀ ਹੈ। ਜ਼ਿਲ੍ਹੇ ਦੇ ਸਾਰੇ ਬਲਾਕਾਂ ਅਧੀਨ ਪੈਂਦੇ ਲਗਭਗ 25 ਪਿੰਡਾਂ 'ਚ ਮੋਬਾਈਲ ਮੈਡੀਕਲ ਯੂਨਿਟ ਵੈਨ ਵੱਲੋਂ ਹਰ ਮਹੀਨੇ ਦੌਰਾ ਕਰਕੇ ਲੋੜਵੰਦ ਮਰੀਜ਼ਾਂ ਨੂੰ ਮੁਫਤ ਸਿਹਤ ਸੁਵਿਧਾਵਾਂ ਦਿੱਤੀਆਂ

ਜਾਂਦੀਆਂ ਹਨ। ਉਨ੍ਹਾਂ ਦੱਸਿਆ ਕਿ ਜਨਵਰੀ 2017 ਤੋਂ ਲੈ ਕੇ ਜੁਲਾਈ 2017 ਤੱਕ ਕੁੱਲ 3022 ਮਰੀਜ਼ਾਂ 'ਚੋਂ 2584 ਮਹਿਲਾਵਾਂ ਤੇ 438 ਪੁਰਸ਼ਾਂ ਨੇ ਇਸ ਐਮ.ਐਮ.ਯੂ ਤੋਂ ਲਾਹਾ ਪ੍ਰਾਪਤ ਕੀਤਾ ਹੈ।

ਸਿਵਲ ਸਰਜਨ ਨੇ ਹੋਰ ਦੱਸਿਆ ਕਿ ਕੰਮ ਵਾਲੇ ਦਿਨ ਇਸ ਐਮ.ਐਮ.ਯੂ. ਵੈਨ ਰਾਹੀਂ ਡਾਕਟਰ ਤੇ ਪੈਰਾ ਮੈਡੀਕਲ ਸਟਾਫ ਸਮੇਤ ਪਿੰਡਾਂ ਤੇ ਸਲਮ ਬਸਤੀਆਂ ਦਾ ਦੌਰਾ ਕਰਕੇ ਮਰੀਜ਼ਾਂ ਦਾ ਚੈਕੱਅਪ ਕਰਨ ਉਪਰੰਤ ਲੋੜੀਂਦਾ ਇਲਾਜ ਕੀਤਾ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਇਸ ਮੋਬਾਈਲ ਮੈਡੀਕਲ ਯੂਨਿਟ ਵੈਨ ਵਿੱਚ ਲੈਬ ਟੈਸਟ ਵੀ ਕੀਤੇ ਜਾਂਦੇ ਹਨ ਜਿਸ ਵਿੱਚ ਬਲੱਡ ਪ੍ਰੈਸ਼ਰ, ਯੂਰਿਨ ਟੈਸਟ ਅਤੇ ਗਰਭਵਤੀ ਔਰਤਾਂ ਦਾ ਏ.ਐਨ.ਸੀ. ਚੈਕੱਅਪ ਮੁਫਤ ਕੀਤਾ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਇਹ ਮੋਬਾਈਲ ਮੈਡੀਕਲ ਯੂਨਿਟ ਵੱਖ-ਵੱਖ ਪਿੰਡਾਂ ਦੇ ਸਬ ਸੈਂਟਰ ਵਿਖੇ ਜਾ ਕੇ ਸਿਹਤ ਸੁਵਿਧਾਵਾਂ ਬਾਰੇ ਪੇਂਡੂ ਖੇਤਰਾਂ ਦੇ ਲੋਕਾਂ ਨੂੰ ਜਾਣੂੰ ਕਰਵਾਉਂਦੀ ਹੈ। ਉਨ੍ਹਾਂ ਦੱਸਿਆ ਕਿ ਮੋਬਾਈਲ ਮੈਡੀਕਲ ਯੂਨਿਟ ਰਾਹੀਂ ਲੋਕਾਂ ਨੂੰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਸਿਹਤ ਸਕੀਮਾਂ ਬਾਰੇ ਵੀ ਜਾਣੂੰ ਕਰਵਾਇਆ ਜਾਂਦਾ ਹੈ।

ਡਿਪਟੀ ਕਮਿਸ਼ਨਰ ਸ੍ਰੀਮਤੀ ਈਸ਼ਾ ਕਾਲੀਆ ਨੇ ਜ਼ਿਲ੍ਹੇ ਦੇ ਵਸਨੀਕਾਂ ਨੂੰ ਅਪੀਲ ਕੀਤੀ ਹੈ ਕਿ ਸਰਕਾਰ ਵੱਲੋਂ ਚਲਾਈ ਜਾ ਰਹੀ ਇਸ ਮੋਬਾਈਲ ਮੈਡੀਕਲ ਯੂਨਿਟ ਵੈਨ ਦਾ ਵੱਧ ਤੋਂ ਵੱਧ ਲਾਭ ਉਠਾਇਆ ਜਾਵੇ।